ਦਫਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ,ਚੰਡੀਗੜ੍ਹ
ਐਸ.ਸੀ.ਓ.ਨੰ: 104-106, ਦੂਜੀ ਮੰਜ਼ਿਲ, ਸੈਕਟਰ-34 ਏ,ਚੰਡੀਗੜ੍ਹ
ਫੋਨ ਨੰ: 0172-2624673,ਫੈਕਸ ਨੰ: 2624673,Email-dgsepunjab18@gmail.com

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ(ਸੈ.ਸਿ)
ਸਮੂਹ ਜ਼ਿਲ੍ਹਾ ਸਿੱਖਿਆ ਅਫਸਰ(ਐ.ਸਿ)
ਸਮੂਹ ਪ੍ਰਿੰਸੀਪਲ ਡਾਇਟ

ਮੀਮੋ ਨੰ: ਕੋਆਰਡੀਨੇਸ਼ਨ/2012/88203
ਮਿਤੀ,ਚੰਡੀਗੜ੍ਹ: 2 ਨਵੰਬਰ 2012

ਵਿਸ਼ਾ: 18 ਸਾਲ ਦੀ ਉਮਰ ਪੂਰੀ ਕਰ ਰਹੇ ਵਿਦਿਆਰਥੀਆਂ ਦੀ ਵੋਟਾਂ ਬਣਾਉਣ ਬਾਰੇ ।

1.0 ਜਿਵੇਂਕਿ ਤੁਸੀਂ ਜਾਣਦੇ ਹੋ ਕਿ ਭਾਰਤ ਵਿੱਚ ਹਰੇਕ 18 ਸਾਲ ਦੀ ਉਮਰ ਦਾ ਵਿਅਕਤੀ ਵੋਟਰ ਬਣਨ ਲਈ ਯੋਗ ਹੈ । ਭਾਰਤੀ ਚੋਣ ਕਮਿਸ਼ਨ ਵੱਲੋਂ ਹਰੇਕ ਯੋਗ ਵਿਅਕਤੀ ਨੂੰ ਭਾਰਤ ਦੀ ਲੋਕਤੰਤਰ ਪ੍ਰਣਾਲੀ ਵਿੱਚ ਸ਼ਾਮਲ ਹੋਣ ਹਿੱਤ ਵੋਟ ਪਾਉਣ ਲਈ ਪ੍ਰੇਰਿਆ ਜਾ ਰਿਹਾ ਹੈ । ਜ਼ਿਲ੍ਹਿਆਂ ਵਿੱਚ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਵੱਲੋਂ ਵੱਡੇ ਪੱਧਰ ਤੇ ਲੋਕਾਂ ਦੀਆਂ ਵੋਟਾ ਬਣਾਈਆਂ ਜਾ ਰਹੀਆਂ ਹਨ ।

2.0 ਇਹ ਵੇਖਣ ਵਿੱਚ ਆਇਆ ਹੈ ਕਿ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਪੜ੍ਹਦੇ ਬੱਚੇ ਜੋ 18 ਸਾਲ ਦੇ ਹੋ ਗਏ ਹਨ ਜਾਂ ਜਿਹਨਾਂ ਨੇ ਪਹਿਲੀ ਜਨਵਰੀ 2013 ਨੂੰ 18 ਸਾਲ ਦੇ ਹੋਣਾ ਹੈ ਦੀ ਅਜੇ ਤੱਕ ਵੋਟਾਂ ਨਹੀਂ ਬਣੀਆਂ । ਇਸ ਲਈ ਭਾਰਤ ਦੀ ਲੋਕਤੰਤਰ ਪ੍ਰਣਾਲੀ ਨੂੰ ਮਜ਼ਬੂਤ ਕਰਨ ਹਿੱਤ ਅਤੇ ਨੌਜਵਾਨਾ ਦੀ ਲੋਕਤੰਤਰ ਪ੍ਰਣਾਲੀ ਵਿੱਚ ਸਮੂਲੀਅਤ ਨੂੰ ਯਕੀਨੀ ਬਣਾਉਣ ਹਿੱਤ ਇਹ ਜ਼ਰੂਰੀ ਹੈ ਕਿ 18 ਸਾਲ ਦੇ ਹੋ ਚੁੱਕੇ ਜਾਂ 1.1.2013 ਨੂੰ 18 ਸਾਲ ਦੇ ਹੋਣ ਵਾਲੇ ਸਮੂਹ ਵਿਦਿਆਰਥੀਆਂ ਦੀਆਂ ਵੋਟਾਂ ਬਣਾਈਆਂ ਜਾਣ । ਇਸ ਸਬੰਧੀ ਆਪ ਜੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਕਤ ਦੱਸੇ ਅਨੁਸਾਰ ਸਕੂਲ ਦੇ ਖੇਤਰ ਦੇ ਪੈਂਦੇ ਬੀ.ਐਲ.ਓ ਤੋਂ ਵੋਟਾ ਬਣਾਉਣ ਸਬੰਧੀ ਫਾਰਮ ਲੈ ਕੇ ਯੋਗ ਵਿਦਿਆਰਥੀਆਂ ਦੇ ਫਾਰਮ ਭਰਕੇ ਬੀ.ਐਲ.ਓ ਨੂੰ ਵਾਪਿਸ ਕੀਤੇ ਜਾਣ ਤਾਂ ਜੋ ਇਹਨਾਂ ਵਿਦਿਆਰਥੀਆਂ ਦੀਆਂ ਵੋਟਾਂ ਬਣਾਈਆਂ ਜਾ ਸਕਣ।

ਕਾਹਨ ਸਿੰਘ ਪੰਨੂੰ, ਆਈ.ਏ.ਐਸ
ਸਕੱਤਰ-ਕਮ-ਡਾਇਰੈਕਟਰ ਜਨਰਲ ਸਕੂਲ ਸਿੱਖਿਆ

ਪਿੱਠ ਅੰਕਣ ਨੰ: ਉਕਤ ਮਿਤੀ,ਚੰਡੀਗੜ੍ਹ: 02.11.2012

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਹਿੱਤ ਭੇਜਿਆ ਜਾਂਦਾ ਹੈ:-

1. ਮੁੱਖ ਚੋਣ ਅਫਸਰ ਪੰਜਾਬ ਜੀ ਨੂੰ ਸੂਚਨਾ ਹਿੱਤ ਭੇਜਿਆ।
2. ਸਮੂਹ ਡਿਪਟੀ ਕਮਿਸ਼ਨਰ ਪੰਜਾਬ ਯੋਗ ਕਾਰਵਾਈ ਅਤੇ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਕਾਹਨ ਸਿੰਘ ਪੰਨੂੰ, ਆਈ.ਏ.ਐਸ
ਸਕੱਤਰ-ਕਮ-ਡਾਇਰੈਕਟਰ ਜਨਰਲ ਸਕੂਲ ਸਿੱਖਿਆ